# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ 04-04-2026**

ਅਸਾਮ, ਪੁੱਡੂਚੇਰੀ, ਕੇਰਲਮ, ਤਾਮਿਲਨਾਡੂ ਅਤੇ ਪੱਛਮੀ ਬੰਗਾਲ ਵਿਚ ਵਿਧਾਨ ਸਭਾ ਚੋਣਾਂ ਲਈ ਪ੍ਰਚਾਰ ਤੇਜ ਹੋ ਗਿਆ ਏ। ਪ੍ਰਧਾਨ ਮੰਤਰੀ ਤੇ ਬੀ.ਜੇ.ਪੀ. ਦੇ ਸੀਨੀਅਰ ਨੇਤਾ ਨਰੇਂਦਰ ਮੋਦੀ ਵਿਧਾਨ ਸਭਾ ਚੋਣਾਂ ਦੇ ਪ੍ਰਚਾਰ ਲਈ ਅੱਜ ਕੇਰਲਮ ਦੇ ਦੌਰੇ ਉੱਤੇ ਨੇ। ਸਾਡੇ ਪੱਤਰਕਾਰ ਨੇ ਦੱਸਿਆ ਕਿ ਸ਼੍ਰੀ ਮੋਦੀ ਦਾ ਚੰਗਨਾ ਸੇਰੀ ਪਹੁੰਚਣ ਦਾ ਪ੍ਰੋਗਰਾਮ ਏ। ਉਹ ਤਿਰੂਵਲਾ ਵਿਚ ਐੱਨ.ਡੀ.ਏ. ਚੋਣ ਮੀਟਿੰਗ ਵਿਚ ਸ਼ਾਮਲ ਹੋਣਗੇ। ਇਸ ਦੌਰਾਨ ਸੀਨੀਅਰ ਕਾਂਗਰਸ ਨੇਤਾ ਅਤੇ ਲੋਕ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਅਲਾਪੁਝਾ ਵਿਚ ਯੂ.ਡੀ.ਐੱਫ. ਦੇ ਪ੍ਰਚਾਰ ਪ੍ਰੋਗਰਾਮਾਂ ਵਿਚ ਹਿੱਸਾ ਲੈਣਗੇ।

---------------------------------------------------------------------------

ਇਕ ਹੋਰ ਭਾਰਤੀ ਝੰਡੇ ਵਾਲਾ ਐੱਲ.ਪੀ.ਜੀ. ਟੈਂਕਰ, ਗ੍ਰੀਨ ਸੈਨਵੀ, ਯੁੱਧ ਪ੍ਰਭਾਵਤ ਹੋਰਮੁਜ਼ ਪਣਜੋੜ ਨੂੰ ਪਾਰ ਕਰ ਗਿਆ ਏ ਅਤੇ ਭਾਰਤ ਵੱਲ ਆ ਰਿਹਾ ਏ। ਸਰਕਾਰੀ ਸੂਤਰਾਂ ਨੇ ਦੱਸਿਆ ਏ ਕਿ ਪੱਛਮੀ ਏਸ਼ੀਆ ਸੰਘਰਸ਼

ਸ਼ੁਰੂ ਹੋਣ ਤੋਂ ਬਾਅਦ ਗ੍ਰੀਨ ਸੈਨਵੀ, ਹੋਰਮੁਜ਼ ਨੂੰ ਪਾਰ ਕਰ ਕੇ ਭਾਰਤ ਆਉਣ ਵਾਲਾ ਸੱਤਵਾਂ ਐੱਲ.ਪੀ.ਜੀ. ਟੈਂਕਰ ਹੋਵੇਗਾ। ---- Desk

--------------------------------------------------------------------------------

ਪੰਜਾਬ ਦੇ ਏ.ਡੀ.ਜੀ.ਪੀ. ਏ.ਐੱਸ. ਰਾਏ ਨੇ ਅੰਮ੍ਰਿਤਸਰ ਵਿੱਚ ਪ੍ਰੈਸ ਕਾਨਫਰੰਸ ਕੀਤੀ ਏ। ਇਸ ਦੌਰਾਨ ਏ.ਡੀ.ਜੀ.ਪੀ. ਰਾਏ ਨੇ ਕਿਹਾ ਕਿ ਹਾਲ ਹੀ ਵਿੱਚ ਅੰਮ੍ਰਿਤਸਰ ਜ਼ਿਲ੍ਹੇ ਲਈ ਲਗਭਗ 28 ਨਵੀਆਂ ਪੀ.ਸੀ.ਆਰ. ਗੱਡੀਆਂ ਮੁਹੱਈਆ ਕਰਵਾਈਆਂ ਗਈਆਂ ਨੇ।

BYTE

ਉਨ੍ਹਾਂ ਕਿਹਾ ਕਿ ਸਰਹੱਦੀ ਇਲਾਕਿਆਂ ਵਿਚ ਡਰੋਨ ਇੱਕ ਵੱਡੀ ਸਮੱਸਿਆ ਵਜੋਂ ਸਾਹਮਣੇ ਆ ਰਿਹਾ ਏ। ਇਸ ਦੇ ਮੱਦੇਨਜ਼ਰ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਐਂਟੀ-ਡਰੋਨ ਸਿਸਟਮ ‘ਤੇ ਨਿਵੇਸ਼ ਕੀਤਾ ਗਿਆ ਏ ਅਤੇ ਆਉਣ ਵਾਲੇ ਸਮੇਂ ਵਿੱਚ ਇਸ ‘ਤੇ ਕਾਬੂ ਪਾ ਲਿਆ ਜਾਵੇਗਾ। ਵਿਭਾਗ ਵਿਚ ਮੁਲਾਜ਼ਮਾਂ ਦੀ ਘਾਟ ਬਾਰੇ ਗੱਲ ਕਰਦਿਆਂ ਉਨ੍ਹਾਂ ਮੰਨਿਆ ਕਿ ਕਰੀਬ 250 ਕਰਮਚਾਰੀਆਂ ਦੀ ਕਮੀ ਏ, ਜਿਸ ਨੂੰ ਟੈਕਨੋਲੋਜੀ ਅਤੇ ਨਵੀਆਂ ਭਰਤੀਆਂ ਰਾਹੀਂ ਪੂਰਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਏ |

--------------------------------------------------------------------------------

ਸੂਬੇ ਵਿਚ ਬਿਮਾਰੀਆਂ ਦੇ ਪਸਾਰ ਤੋਂ ਬਚਾਅ ਲਈ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਅਤੇ ਵਿੱਤ ਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਉੱਚ-ਪੱਧਰੀ ਸਟੇਟ ਟਾਸਕ ਫੋਰਸ ਨਾਲ ਮੀਟਿੰਗ ਕੀਤੀ। ਮੀਟਿੰਗ ਦੌਰਾਨ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਡੇਂਗੂ, ਮਲੇਰੀਆ, ਚਿਕਨਗੁਨੀਆ, ਰੇਬੀਜ਼ ਅਤੇ ਲੈਪਟੋਸਪਾਇਰੋਸਿਸ ਵਰਗੀਆਂ ਬਿਮਾਰੀਆਂ ਨਾਲ ਨਜਿੱਠਣ ਲਈ ਸਿਹਤ ਰਣਨੀਤੀਆਂ ਨੂੰ ਏਕੀਕ੍ਰਿਤ ਕਰਨ ਵਾਲੀ 'ਵਨ ਹੈਲਥ ' ਪਹੁੰਚ ਦੀ ਜ਼ਰੂਰਤ ਏ। ਸਿਹਤ ਮੰਤਰੀ ਨੇ ਸਾਰੇ ਵਿਭਾਗਾਂ ਨੂੰ ਹਦਾਇਤਾਂ ਕੀਤੀਆਂ ਕਿ 'ਹਰ ਸ਼ੁੱਕਰਵਾਰ ਡੇਂਗੂ ਤੇ ਵਾਰ' ਮੁਹਿੰਮ - ਜਿਹੜੀ ਕਿ ਹਰ ਸ਼ੁੱਕਰਵਾਰ ਸਵੇਰੇ 8:00 ਵਜੇ ਤੋਂ ਸਵੇਰੇ 9:00 ਵਜੇ ਤੱਕ ਚਲਾਈ ਜਾਂਦੀ ਏ, ਇਸ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸ਼ਾਮਲ ਕੀਤਾ ਜਾਵੇ। ਇਸ ਦੌਰਾਨ ਵਿੱਤ ਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਭਰੋਸਾ ਦਿਵਾਇਆ ਕਿ ਵਿੱਤ ਵਿਭਾਗ ਸਥਿਤੀ ਵਿੱਚ ਸੁਧਾਰ ਲਈ ਹਰ ਲੋੜੀਂਦੀ ਮਦਦ ਕਰੇਗਾ।

---------------------------------------------------------------------------

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਅਤੇ ਸੈਰ ਸਪਾਟਾ ਤੇ ਸੱਭਿਆਚਾਰਕ

ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਸੰਤਾਂ-ਮਹਾਂਪੁਰਖਾਂ ਦੀ ਰਹਿਨੁਮਾਈ ਹੇਠ ਦਮੜੀ ਯਾਤਰਾ ਨੂੰ ਵਿਸ਼ੇਸ਼ ਟ੍ਰੇਨ ਰਾਹੀਂ ਜਲੰਧਰ ਦੇ ਰੇਲਵੇ ਸਟੇਸ਼ਨ ਤੋਂ ਹਰਿਦੁਆਰ ਲਈ ਰਵਾਨਾ ਕੀਤਾ। ਕੈਬਨਿਟ ਮੰਤਰੀ ਭਗਤ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਗੁਰੂ ਰਵਿਦਾਸ ਜੀ ਦੇ ਆਉਣ ਵਾਲੇ 650ਵੇਂ ਪ੍ਰਕਾਸ਼ ਪੁਰਬ ਨੂੰ ਵੱਡੇ ਪੱਧਰ ’ਤੇ ਮਨਾਉਣ ਲਈ ਵਿਆਪਕ ਪ੍ਰੋਗਰਾਮ ਉਲੀਕੇ ਗਏ ਨੇ। ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਦਮੜੀ ਯਾਤਰਾ ਲਈ ਸੰਗਤ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

------------------------------------------------------------------------------

ਸੂਬੇ ਵਿਚ ਜਾਰੀ ਮੁਹਿੰਮ ’ਗੈਂਗਸਟਰਾਂ ਤੇ ਵਾਰ’ ਦੇ 73ਵੇਂ ਦਿਨ ਪੰਜਾਬ ਪੁਲਿਸ ਨੇ ਕੱਲ੍ਹ ਸੂਬੇ ਵਿੱਚ 483 ਟਿਕਾਣਿਆਂ ’ਤੇ ਛਾਪੇਮਾਰੀ ਕੀਤੀ। ਇਸ ਮੁਹਿੰਮ ਦੇ 73ਵੇਂ ਦਿਨ ਪੁਲਿਸ ਟੀਮਾਂ ਨੇ 13 ਹਥਿਆਰ ਬਰਾਮਦ ਕਰ ਕੇ,198 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 5 ਭਗੌੜੇ ਅਪਰਾਧੀਆਂ ਨੂੰ ਵੀ ਹਿਰਾਸਤ ਵਿਚ ਲਿਆ ਏ।

------------------------------------------------------------------------------

ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ

ਡਾ. ਬਲਜੀਤ ਕੌਰ ਨੇ ਕਿਹਾ ਕਿ ਸਰਕਾਰ ਵੱਲੋਂ ਸਮਾਜ ਦੇ ਪੱਛੜੇ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੀਆਂ ਕੁੜੀਆਂ ਦੇ ਵਿਆਹ ਸਮੇਂ ਪਰਿਵਾਰਾਂ ਨੂੰ ਆਰਥਿਕ ਸਹਾਰਾ ਦੇਣ ਲਈ ਅਸ਼ੀਰਵਾਦ ਯੋਜਨਾ ਤਹਿਤ ਵਿੱਤੀ ਸਾਲ 2025-26 ਦੌਰਾਨ, 2 ਹਜ਼ਾਰ 694 ਲਾਭਪਾਤਰੀਆਂ ਨੂੰ 13 ਕਰੋੜ 74 ਲਖ ਰੁਪਏ ਦੀ ਰਕਮ ਜਾਰੀ ਕੀਤੀ ਗਈ ਏ। ਉਨ੍ਹਾਂ ਕਿਹਾ ਕਿ ਅਸ਼ੀਰਵਾਦ ਸਕੀਮ ਤਹਿਤ ਪਰਿਵਾਰਾਂ ਨੂੰ ਕੁੜੀਆਂ ਦੇ ਵਿਆਹ ਲਈ 51,000 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਏ।

---------------------------------------------------------------------------